# ਪ੍ਰੈਸ ਬਿਆਨ

## ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਸ਼ਹਾਦਤ ਸੰਘਰਸ਼ ਦੇ ਪਾਂਧੀਆਂ ਲਈ ਪ੍ਰੇਰਣਾ ਸਰੋਤ ਬਣੇਗੀ: ਭਾਈ ਦਲਜੀਤ ਸਿੰਘ ਬਿੱਟੂ

(9 ਮਈ): ਪੰਥ ਸੇਵਕ ਸਖਸ਼ੀਅਤਾਂ ਨੇ ਅੱਜ ਖਾਲਿਸਤਾਨ ਕਮਾਂਡੋ ਫੋਰਸ ਦੇ ਮੁਖੀ ਭਾਈ ਪਰਮਜੀਤ ਸਿੰਘ ਪੰਜਵੜ ਦੇ ਗ੍ਰਹਿ ਵਿਖੇ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਚੜ੍ਹਦੀਕਲਾ ਦਾ ਸੁਨੇਹਾ ਜਾਰੀ ਕਰਦਿਆਂ ਕਿਹਾ ਕਿ ਖਾਲਸਾ ਪੰਥ ਲਈ ਇਹ ਗੱਲ ਤਸੱਲੀ ਤੇ ਦ੍ਰਿੜਤਾ ਦਾ ਸਬੱਬ ਹੈ ਕਿ ਉਹਨਾ ਖਾਲਿਸਤਾਨ ਦੀ ਅਜ਼ਾਦੀ ਦੇ ਸੰਘਰਸ਼ ਦੀ ਜੋ ਜਿੰਮੇਵਾਰੀ ਭਾਈ ਪਰਮਜੀਤ ਸਿੰਘ ਪੰਜਵੜ ਨੇ ਓਟੀ ਸੀ ਉਹ ਉਹਨਾ ਨੇ ਆਖਰੀ ਸਾਹਾਂ ਤੱਕ ਆਪਣੇ ਖੂਨ-ਪਸੀਨੇ ਨਾਲ ਨਿਭਾਈ ਹੈ। ਜ਼ਿਕਰਯੋਗ ਹੈ ਕਿ ਭਾਈ ਪਰਮਜੀਤ ਸਿੰਘ ਪੰਜਵੜ੍ਹ, ਮੁਖੀ ਖਾਲਿਸਤਾਨ ਕਮਾਂਡੋ ਫੋਰਸ ਨੂੰ ਰੂਪੋਸ਼ੀ ਦੌਰਾਨ ਹਥਿਆਰਬੰਦ ਹਮਲਾਵਰਾਂ ਵੱਲੋਂ ਕਲਤ ਕਰਨ ਦੀ ਖਬਰ ਆਈ ਹੈ।

ਪੰਥ ਸੇਵਕ ਸਖਸ਼ੀਅਤਾਂ ਭਾਈ ਦਲਜੀਤ ਸਿੰਘ ਬਿੱਟੂ, ਭਾਈ ਨਰਾਇਣ ਸਿੰਘ ਚੌੜਾ, ਭਾਈ ਸਤਨਾਮ ਸਿੰਘ ਖੰਡੇਵਾਲਾ, ਭਾਈ ਹਰਦੀਪ ਸਿੰਘ ਮਹਿਰਾਜ ਅਤੇ ਦਲ ਖਾਲਸਾ ਆਗੂ ਕੰਵਰਪਾਲ ਸਿੰਘ ਬਿੱਟੂ ਨੇ ਕਿਹਾ ਕਿ ਖਾੜਕੂ ਸੰਘਰਸ਼ ਰਸਤੇ ਉੱਤੇ ਚੱਲਦਿਆਂ ਭਾਈ ਪੰਜਵੜ ਤੇ ਉਹਨਾ ਦੇ ਪਰਿਵਾਰ ਦੀ ਘਾਲਣਾ ਦਾ ਸਿਲਸਿਲਾ ਪਰਿਵਾਰਕ ਜੀਆਂ ਦੀਆਂ ਸ਼ਹੀਦੀਆਂ ਰਾਹੀਂ ਹੁੰਦਾ ਹੋਇਆ ਅੱਜ ਭਾਈ ਪਰਮਜੀਤ ਸਿੰਘ ਪੰਜਵੜ੍ਹ ਦੀ ਸ਼ਹੀਦੀ ਨਾਲ ਜਿਸ ਮੁਕਾਮ ਉੱਤੇ ਪੁੱਜਾ ਹੈ ਉਹ ਸੰਘਰਸ਼ ਦਾ ਰਾਹ ਅਖਤਿਆਰ ਕਰਨ ਵਾਲੇ ਨੌਜਵਾਨਾਂ ਅਤੇ ਅਗਲੀਆਂ ਪੀੜ੍ਹੀਆ ਲਈ ਪ੍ਰੇਰਣਾ ਦਾ ਸਰੋਤ ਰਹੇਗਾ।

ਭਾਈ ਦਲਜੀਤ ਸਿੰਘ ਬਿੱਟੂ ਨੇ ਕਿਹਾ ਕਿ ਭਾਈ ਪਰਮਜੀਤ ਸਿੰਘ ਪੰਜਵੜ ਨੇ ਖਾੜਕੂ ਸੰਘਰਸ਼ ਦੇ ਰਾਹ ਉੱਤੇ ਇੱਕ ਯੋਧੇ ਵਾਲਾ ਜੀਵਨ ਜਿਓਇਆ। ਸਮੂਹ ਗੁਰੂ ਨਾਨਕ ਨਾਮ ਲੇਵਾ ਸੰਗਤ ਸਤਿਗੁਰਾਂ ਅੱਗੇ ਅਰਦਾਸ ਕਰੇ ਕਿ ਸੱਚੇ ਪਾਤਿਸ਼ਾਹ ਭਾਈ ਪਰਮਜੀਤ ਸਿੰਘ ਨੂੰ ਚਰਨਾਂ ਵਿਚ ਨਿਵਾਸ ਬਖਸ਼ਣ ਤੇ ਖਾਲਸਾ ਪੰਥ ਨੂੰ ਸੰਘਰਸ਼ ਤੇ ਰਸਤੇ ਉੱਤੇ ਦ੍ਰਿੜਤਾ ਨਾਲ ਚੱਲਦੇ ਰਹਿਣ ਦਾ ਬਲ ਬਖਸ਼ਣ।

ਪੰਥਕ ਸਖਸ਼ੀਅਤਾਂ ਕਿਹਾ ਕਿ ਭਾਈ ਪਰਮਜੀਤ ਸਿੰਘ ਪੰਜਵੜ ਦੀ ਸ਼ਹਾਦਤ ਉਸ ਵੇਲੇ ਹੋਈ ਹੈ ਜਦੋਂ ਦਿੱਲੀ ਦਰਬਾਰ (ਇੰਡਿਅਨ ਸਟੇਟ) ਸਿੱਖ ਮਸਲੇ ਨੂੰ ਆਪਣੇ ਅਨੁਸਾਰ ਨਜਿੱਠਣ ਦੀ ਕਵਾਇਦ ਸ਼ੁਰੂ ਕਰ ਚੁੱਕਾ ਹੈ। ਅਜਿਹੇ ਹਾਲਾਤ ਵਿਚ ਇਸ ਘਟਨਾ ਨੂੰ ਦੁਸ਼ਮਣ ਦੇ ਵੱਡੇ ਤੇ ਗੰਭੀਰ ਹਮਲੇ ਵੱਜੋਂ ਹੀ ਵੇਖਿਆ ਜਾਣਾ ਚਾਹੀਦਾ ਹੈ। ਦੁਸ਼ਮਣ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਅਜਿਹੇ ਹਮਲਿਆਂ ਨਾਲ ਸੱਚਾਈ ਨਹੀਂ ਬਦਲੀ ਜਾ ਸਕਦੀ ਅਤੇ ਖਾਲਸਾ ਪੰਥ ਦਾ ਸੰਘਰਸ਼ ਗੁਰੂ ਓਟ ਸਦਕਾ ਜਾਰੀ ਰਹਿਣਾ ਹੈ।

ਇਸ ਮੌਕੇ ਭਾਈ ਦਲਜੀਤ ਸਿੰਘ ਬਿੱਟੂ ਨੇ ਖਾਸ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਸੰਸਾਰ, ਦੱਖਣੀ ਏਸ਼ੀਆ ਤੇ ਇੰਡੀਅਨ ਉਪਮਹਾਂਦੀਪ ਹਾਲਾਤ ਅਸਥਿਰਤਾ ਵਾਲੇ ਬਣੇ ਹੋਏ ਹਨ। ਇਥੇ ਹੋ ਰਹੀ ਉਥਲ-ਪੁਥਲ ਦਾ ਅਸਰ ਸਿੱਖਾਂ ਉੱਤੇ ਵੀ ਪੈ ਰਿਹਾ ਹੈ। ਦਿੱਲੀ ਦਰਬਾਰ ਸਿੱਖਾਂ ਦੇ ਪਵਿੱਤਰ ਸੰਕਲਪਾਂ, ਸੰਸਥਾਵਾਂ ਤੇ ਸਿੱਖ ਅਗਵਾਈ (ਲੀਡਰਸ਼ਿੱਪ) ਨੂੰ ਨਿਸ਼ਾਨੇ ਉੱਤੇ ਲੈ ਰਿਹਾ ਹੈ। ਅਜਿਹੇ ਵਿਚ ਗੁਰ-ਸੰਗਤ ਅਤੇ ਖਾਲਸਾ ਪੰਥ ਨੂੰ ਅੰਦਰੂਨੀ ਕਤਾਰਬੰਦੀ ਕਾਇਦਾਬੱਧ ਕਰਨ ਤੇ ਆਪਸ ਵਿਚ ਇਤਫਾਕ ਕਾਇਮ ਕਰਨ ਦੀ ਸਖਤ ਜਰੂਰਤ ਹੈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬਜੀਤ ਸਿੰਘ ਘੁਮਾਣ ਗੁਰਪ੍ਰੀਤ ਸਿੰਘ ਖੁੱਡਾ, ਪਰਮਜੀਤ ਸਿੰਘ ਗਾਜ਼ੀ, ਗੁਰਨਾਮ ਸਿੰਘ ਮੂਨਕ, ਬਲਜਿੰਦਰ ਸਿੰਘ ਕੋਟਭਾਰਾ, ਰਾਮ ਸਿੰਘ ਢਪਾਲੀ ਅਤੇ ਪੰਥ ਸੇਵਕ ਜਥਾ ਮਾਝਾ ਤੋਂ ਸੁਖਦੀਪ ਸਿੰਘ ਮੀਕੇ ਵੀ ਹਾਜ਼ਰ ਸਨ।

**੨੬ ਵਿਸਾਖ ੫੫੫ ਨਾਨਕਸ਼ਾਹੀ**

(9 ਮਈ 2023 ਈ.)